**ਦਫ਼ਤਰ ਜ਼ਿਲਾ ਮੈਜਿਸਟਰੇਟ, ਪਠਾਨਕੋਟ**
(ਫੁਟਕਲ ਸ਼ਾਖਾ)

ਹੁਕਮ:-

ਸੀਨੀਅਰ ਪੁਲਿਸ ਕਪਤਾਨ, ਪਠਾਨਕੋਟ ਵੱਲੋ ਪ੍ਰਾਪਤ ਪੱਤਰ ਨੰ:1802/EB ਸਕਿਉਰਟੀ ਮਿਤੀ: 18.01.2021 ਰਾਹੀਂ ਇਸ ਦਫ਼ਤਰ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਮਿਤੀ 26.01.2021 ਨੂੰ ਗਣਤੰਤਰ ਦਿਵਸ ਦੇ ਮੌਕੇ ਤੇ ਜ਼ਿਲ੍ਹਾ ਪਠਾਨਕੋਟ ਦੀ ਸੁਰੱਖਿਆ ਦੇ ਮੱਦੇ ਨਜਰ ਡਰੋਨ ਕੈਮਰਾ ਚਲਾਉਣ/ਉਡਾਉਣ ਤੇ ਅ/ਧ 144 ਰਾਹੀਂ ਪਾਬੰਦੀ ਲਗਾਉਣ ਦੀ ਸਿਫਾਰਸ਼ ਕੀਤੀ ਹੈ।

ਉਪਰੋਕਤ ਤੱਥਾਂ ਨੂੰ ਬਰਕਰਾਰ ਰੱਖਣ ਲਈ ਮੈਂ ਸੰਯਮ ਅਗਰਵਾਲ, ਆਈ.ਏ.ਐਸ, ਜ਼ਿਲ੍ਹਾ ਮੈਜਿਸਟਰੇਟ ਪਠਾਨਕੋਟ ਜਾਬਤਾ ਫੌਜਦਾਰੀ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋ ਕਰਦੇ ਹੋਏ ਜ਼ਿਲ੍ਹਾ ਪਠਾਨਕੋਟ ਦੀ ਹਦੂਦ ਅੰਦਰ ਮਿਤੀ 25.01.2021 ਤੋਂ 27.01.2021 ਤੱਕ ਜ਼ਿਲ੍ਹਾ ਪਠਾਨਕੋਟ ਵਿੱਚ ਡਰੋਨ ਉਡਾਉਣ ਤੇ ਪੂਰਨ ਪਾਬੰਦੀ ਲਗਾਉਂਦਾ ਹਾਂ।

ਮਾਮਲੇ ਦੀ ਤਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇਕਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਆਮ ਜਨਤਾ ਨੂੰ ਸੰਬੋਧਿਤ ਕੀਤਾ ਜਾਂਦਾ ਹੈ।

ਇਹ ਹੁਕਮ ਮਿਤੀ 25.01.2021 ਸਵੇਰੇ 05:00 ਵਜੇ ਤੋਂ ਮਿਤੀ: 27.01.2021 ਰਾਤ 12:00 ਵਜੇ ਤੱਕ ਲਾਗੂ ਰਹੇਗਾ।

ਇਸ ਹੁਕਮ ਦਾ ਪ੍ਰਚਾਰ ਜ਼ਿਲ੍ਹਾ ਲੋਕ ਸੰਪਰਕ ਵਿਭਾਗ, ਪਠਾਨਕੋਟ ਵੱਲੋਂ ਪ੍ਰਿੰਟ/ ਡੀਜੀਟਲ ਮੀਡੀਆ ਰਾਹੀਂ ਕਰਵਾਇਆ ਜਾਵੇਗਾ। ਇਸ ਤੋਂ ਇਲਾਵਾ ਇਹ ਹੁਕਮ ਜ਼ਿਲ੍ਹਾ ਮੈਜਿਸਟਰੇਟ, ਸੀਨੀਅਰ ਪੁਲਿਸ ਕਪਤਾਨ, ਉਪ ਮੰਡਲ ਮੈਜਿਸਟਰੇਟਾਂ, ਤਹਿਸੀਲਦਾਰਾਂ, ਕਮਿਸ਼ਨਰ/ ਕਾਰਜ ਸਾਧਕ ਅਫ਼ਸਰਾਂ ਅਤੇ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰਾਂ ਦੇ ਦਫ਼ਤਰ ਦੇ ਨੋਟਿਸ ਬੋਰਡਾਂ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇਗਾ।

ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਹੇਠ ਮਿਤੀ: .01.2021 ਨੂੰ ਜਾਰੀ ਹੋਇਆ।

DISTRICT MAGISTRATE * PATHANKOT

ਜ਼ਿਲ੍ਹਾ ਮੈਜਿਸਟਰੇਟ,
ਪਠਾਨਕੋਟ।

ਪਿੱਠ ਅੰਕਣ ਨੰ: ਐਮ.ਏ./ 1046-70 ਮਿਤੀ: 21/01/2021

ਇਸ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਹੁਕਮਾਂ ਦੀ ਇੰਨ-ਬਿੰਨ ਪਾਲਣਾ ਕਰਵਾਉਣ ਹਿੱਤ ਭੇਜਿਆ ਜਾਂਦਾ ਹੈ:-

1. ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2. ਪ੍ਰਮੁੱਖ ਸਕੱਤਰ, ਗ੍ਰਹਿ ਵਿਭਾਗ, ਪੰਜਾਬ, ਚੰਡੀਗੜ੍ਹ।
3. ਵਿੱਤ ਕਮਿਸ਼ਨਰ (ਮਾਲ), ਪੰਜਾਬ, ਚੰਡੀਗੜ੍ਹ।
4. ਕਮਿਸ਼ਨਰ, ਜਲੰਧਰ ਮੰਡਲ, ਜਲੰਧਰ।
5. ਜ਼ਿਲ੍ਹਾ ਅਤੇ ਸੈਸ਼ਨ ਜੱਜ, ਪਠਾਨਕੋਟ/ਗੁਰਦਾਸਪੁਰ।
6. ਕਮਿਸ਼ਨਰ, ਨਗਰ ਨਿਗਮ, ਪਠਾਨਕੋਟ।
7. ਵਧੀਕ ਡਿਪਟੀ ਕਮਿਸ਼ਨਰ (ਜਨਰਲ/ਵਿਕਾਸ), ਪਠਾਨਕੋਟ।
8. ਸੀਨੀਅਰ ਪੁਲਿਸ ਕਪਤਾਨ, ਪਠਾਨਕੋਟ।
9. ਉਪ ਮੰਡਲ ਮੈਜਿਸਟਰੇਟ, ਪਠਾਨਕੋਟ/ਧਾਰ ਕਲ੍ਹਾਂ।
10. ਜ਼ਿਲ੍ਹਾ ਵਿਕਾਸ ਅਤ ਪੰਚਾਇਤ ਅਫ਼ਸਰ, ਪਠਾਨਕੋਟ।
11. ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਪਠਾਨਕੋਟ ਨੂੰ ਆਮ ਲੋਕਾਂ ਵਿੱਚ ਪ੍ਰਚਾਰ ਕਰਨ ਹਿੱਤ ਭੇਜਿਆ ਜਾਂਦਾ ਹੈ।
12. ਤਹਿਸੀਲਦਾਰ/ ਨਾਇਬ ਤਹਿਸੀਲਦਾਰ ਪਠਾਨਕੋਟ /ਧਾਰ ਕਲ੍ਹਾਂ/ਬਮਿਆਲ /ਨਰੋਟ ਜੈਮਲ ਸਿੰਘ।
13. ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ/ਨਗਰ ਪੰਚਾਇਤ, ਸੁਜਾਨਪੁਰ/ਨ.ਜ.ਸਿੰਘ।
14. ਪੀ.ਏ ਟੂ ਜ਼ਿਲ੍ਹਾ ਮੈਜਿਸਟਰੇਟ, ਸਟੈਨੋ ਟੂ ਵਧੀਕ ਜ਼ਿਲ੍ਹਾ ਮੈਜਿਸਟਰੇਟ, ਪਠਾਨਕੋਟ।
15. ਸਪੈਸ਼ਲ ਥਾਣਾ ਡਿਊਟੀ ਮੈਜਿਸਟਰੇਟ।

DISTRICT MAGISTRATE * PATHANKOT

ਜ਼ਿਲ੍ਹਾ ਮੈਜਿਸਟਰੇਟ,
ਪਠਾਨਕੋਟ।